# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਬਹਾਦਰਪੁਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਟਿਊਬਵੈਲ ਦਾ ਕੀਤਾ ਉਦਘਾਟਨ

ਹੁਸ਼ਿਆਰਪੁਰ 5 ਸਤੰਬਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਬਹਾਦਰਪੁਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਟਿਊਬਵੈਲ ਦਾ ਉਦਘਾਟਨ ਉੱਘੇ ਭਾਜਪਾ ਆਗੂ ਰਾਮ ਪ੍ਰਕਾਸ਼ ਐਰੀ ਤੋਂ ਰਿਬਨ ਕਟਵਾ ਕੇ ਕਰਨ ਉਪਰੰਤ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁਹੱਲਾ ਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਦੂਰ ਕਰਨ ਲਈ ਮੰਗ ਕੀਤੀ ਗਈ ਸੀ ਉਹਨਾਂ ਦੀ ਮੰਗ ਤੇ ਇਹ ਨਵਾਂ ਟਿਊਬਵੈਲ ਲਗਾਇਆ ਗਿਆ ਹੈ। ਇਸ ਨਾਲ ਬਹਾਦਰਪੁਰ ਨਿਵਾਸੀਆਂ ਨੂੰ ਪੀਣ ਵਾਲਾ ਸਾਫ ਸੁਥਰਾ ਪਾਣੀ ਨਿਰਵਿਘਨ ਸਪਲਾਈ ਕੀਤਾ ਜਾਵੇਗਾ। ਉਹਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦਾ ਪਧੱਰ ਹੇਠਾਂ ਜਾ ਰਿਹਾ ਹੈ। ਜਿਸਨੂੰ ਵੇਖਦੇ ਹੋਏ ਲੋਕ ਪੀਣ ਵਾਲੇ ਪਾਣੀ ਦੀ ਵਰਤੋਂ ਸਜੰਮ ਨਾਲ ਕਰਨ। ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਵੱਖ ਵੱਖ ਵਾਰਡਾਂ ਵਿਚ 10 ਨਵੇਂ ਟਿਊਬਵੈਲ ਲਗਾਉਣ ਸਬੰਧੀ ਮਤਾ ਪਾਸ ਕੀਤਾ ਸੀ ਜਿਸ ਵਿਚੋਂ 9 ਟਿਊਬਵੈਲਾਂ ਰਾਹੀਂ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਬਾਕੀ ਰਹਿੰਦੇ ਇੱਕ ਟਿਊਬਵੈਲ ਦਾ ਵੀ ਉਦਘਾਟਨ ਜਲਦ ਹੀ ਕੀਤਾ ਜਾ ਰਿਹਾ ਹੈ ਉਹਨਾਂ ਹੋਰ ਦੱਸਿਆ ਕਿ ਸ਼ਹਿਰ ਵਿਚ ਪੀਣ ਵਾਲੇ ਪਾਣੀ ਦੀ ਮੰਗ ਨੂੰ ਦੇਖਦੇ ਹੋਏ ਨਗਰ ਨਿਗਮ ਵਲੋਂ 23 ਹੋਰ ਨਵੇ ਟਿਊਬਵੈਲ ਲਗਾਏ ਜਾ ਰਹੇ ਹਨ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਨਗਰ ਨਿਗਮ ਵੱਲੋਂ ਵੱਖ ਵੱਖ ਵਾਰਡਾਂ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਦਸਿੱਆ ਕਿ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਵਿੱਚ ਪ੍ਰੀਮਿਕਸ ਪਾਉਣ ਦਾ ਕੰਮ ਜੰਗੀ ਪਧੱਰ ਤੇ ਕੀਤਾ ਜਾ ਰਿਹਾ ਹੈ। ਸ਼ਹਿਰ ਦੇ ਨਵੇਂ ਬਣੇ ਮੁਹਲਿਆਂ ਵਿੱਚ ਸੀਵਰੇਜ਼ ਅਤੇ ਵਾਟਰ ਸਪਲਾਈ ਦੀਆਂ ਪਾਈਪਾਂ ਪਾਈਆਂ ਜਾ ਰਹੀਆਂ ਹਨ। ਜਿਸ ਉਪਰੰਤ ਉਹਨ੍ਹਾਂ ਮੁਹੱਲਿਆਂ ਦੀਆਂ ਗਲੀਆਂ ਨੂੰ ਪੱਕਾ ਕੀਤਾ ਜਾਵੇਗਾ। ਗੋਪਾਲ ਕ੍ਰਿਸ਼ਨ ਅਨੰਦ, ਕੌਂਸਲਰ ਰਮੇਸ਼ ਕੁਮਾਰ ਠਾਕੁਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

ਜੇ.ਈ (ਮਕੈਨੀਕਲ) ਅਸ਼ਵਨੀ ਸ਼ਰਮਾ, ਇੰਸਪੈਕਟਰ ਰਵਿੰਦਰ ਠਾਕੁਰ, ਜ਼ੋਗਿੰਦਰ ਸਿੰਘ, ਮੰਡਲ ਪ੍ਰਧਾਨ ਵਿਨੋਦ ਪਰਮਾਰ, ਪ੍ਰਮੋਦ ਸੂਦ, ਅਤੁਲ ਸੂਦ ਪਿੰਕੀ, ਅਸ਼ਵਨੀ ਵਿਗ, ਸ਼ਿਵ ਕੁਮਾਰ ਕਾਕੂ, ਯਸ਼ਪਾਲ ਸ਼ਰਮਾ, ਅਖਲੇਸ਼ ਸੂਦ, ਰਜੀਵ ਵਾਲੀਆ, ਮਨੋਹਰ ਲਾਲ, ਪ੍ਰਮੋਦ ਕੁਮਾਰ, ਸੰਜੀਵ ਸੋਨੀ, ਬ੍ਰਿਜ ਠਾਕੁਰ, ਸ਼ਾਮ ਸੁੰਦਰ, ਹਰਮਿੰਦਰ ਸਿੰਘ, ਸਤੀਸ਼ ਕੁਮਾਰ, ਕ੍ਰਿਸ਼ਨ ਕੁਮਾਰ, ਧਰਮਪਾਲ, ਅਸ਼ੋਕ ਸੂਦ, ਨੀਰਜ ਕੁਮਾਰ, ਵਿਕਰਮ ਕੁਮਾਰ, ਅਨਿਲ ਕੁਮਾਰ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜਰ ਸਨ।